# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

# ਤਿਕਸ਼ਨ ਸੂਦ ਨੇ ਅੱਜ ਸਵੇਰੇ ਵਾਰਡ ਨੰ: 28 ਦਾ ਦੌਰਾ ਕਰਕੇ ਮੁਸ਼ਕਿਲਾਂ ਸਬੰਧੀ ਜਾਣਕਾਰੀ ਲਈ

ਹੁਸ਼ਿਆਰਪੁਰ 21 ਮਈ ਮੁਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਤਿਕਸ਼ਨ ਸੂਦ ਨੇ ਅੱਜ ਸਵੇਰੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਅਤੇ ਵਾਰਡ ਨੰ: 28 ਦੇ ਕੌਂਸਲਰ ਸੰਤੋਖ ਸਿੰਘ ਔਜਲਾ ਨੂੰ ਨਾਲ ਲੈ ਕੇ ਉਹਨਾਂ ਦੇ ਵਾਰਡ ਦਾ ਦੌਰਾ ਕੀਤਾ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ। ਕੌਂਸਲਰ ਰਮੇਸ਼ ਕੁਮਾਰ ਠਾਕੁਰ, ਅਸ਼ੋਕ ਕੁਮਾਰ, ਰੂਪ ਲਾਲ ਥਾਪਰ, ਸੁਰੇਸ਼ ਭਾਟੀਆ ਬਿੱਟੂ, ਨਿਪੁਨ ਸ਼ਰਮਾ, ਬਲਵਿੰਦਰ ਬਿੰਦੀ, ਨਰਿੰਦਰ ਸਿੰਘ, ਹਰਪਿੰਦਰ ਸਿੰਘ ਗਿੱਲ ਅਤੇ ਵਿਨੋਦ ਪਰਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਵਾਰਡ ਦੇ ਕੌਂਸਲਰ ਸੰਤੋਖ ਸਿੰਘ ਔਜਲਾ ਨੇ ਇਸ ਮੌਕੇ ਤੇ ਸ੍ਰੀ ਤਿਕਸ਼ਨ ਸੂਦ ਨੂੰ ਆਪਣੇ ਵਾਰਡ ਦੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਦਿੰਦਿਆਂ ਮੇਨ ਰੋਡ ਦੇ ਨਵਨਿਰਮਾਣ ਸੰਬਧੀ ਕਿਹਾ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਠੀਕ ਕਰਨ ਅਤੇ ਸਫਾਈ ਸਬੰਧੀ ਬੇਨਤੀ ਕੀਤੀ, ਜਿਸ ਤੇ ਤਿਕਸ਼ਨ ਸੂਦ ਨੇ ਮੌਕੇ ਤੇ ਹਾਜ਼ਰ ਵਾਟਰ ਸਪਲਾਈ ਦੇ ਇੰਸਪੈਕਟਰ ਰਵਿੰਦਰ ਠਾਕੁਰ ਅਤੇ ਸੈਨੀਟਰੀ ਇੰਸਪੈਕਟਰ ਸੰਜੀਵ ਕੁਮਾਰ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਦਿੱਤੇ। ਸ੍ਰੀ ਸੂਦ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਸਾਰੇ ਵਾਰਡਾਂ ਵਿਚ ਬਿਨ੍ਹਾਂ ਭੇਦ-ਭਾਵ ਕੌਂਸਲਰਾਂ ਦੀ ਮੰਗ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਕਰਵਾਏ ਜਾ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਵੀ ਕਮੀ ਨਹੀ ਆਉਣ ਦਿੱਤੀ ਜਾਵੇਗੀ।